# ਦਫ਼ਤਰ ਡਿਪਟੀ ਕਮਿਸ਼ਨਰ, ਹੁਸ਼ਿਆਰਪੁਰ

**Office of the Deputy Commissioner Hoshiarpur**

**Office Contact No. 01882-220301**
**Residence Contact No. 01882-220302**
**01882-220303**

Email Id: hoshiarpurdc@gmail.com


ਹੁਕਮ

ਇਸ ਦਫ਼ਤਰ ਵਲੋਂ ਹੁਕਮ ਮਿਤੀ: 28-03-2020 ਜੋ ਪਿੱਠ ਅੰਕਣ ਨੰਬਰ 3584/ਐਮ.ਏ. ਮਿਤੀ: 28-03-2020 ਰਾਹੀਂ ਜਾਰੀ ਹੋਏ ਹਨ, ਮੁਤਾਬਿਕ ਜ਼ਿਲ੍ਹਾ ਹੁਸ਼ਿਆਰਪੁਰ ਦੀ ਹਦੂਦ ਅੰਦਰ ਕਰਫਿਊ ਦਾ ਹੁਕਮ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਕੋਈ ਵੀ ਦੁਕਾਨ ਖੋਲ੍ਹਣ ਅਤੇ ਕਿਸੇ ਵੀ ਵਿਅਕਤੀ ਦੇ ਚੱਲਣ-ਫਿਰਨ ਤੇ ਮਨਾਹੀ ਹੈ। ਲੋਕਾਂ ਦੀਆਂ ਜ਼ਰੂਰੀ ਲੋੜਾਂ ਦੇ ਮੱਦੇ ਨਜ਼ਰ ਕਰਫਿਊ ਦੌਰਾਨ ਹੇਠ ਲਿਖੇ ਅਨੁਸਾਰ ਛੋਟ ਦੇਣ ਦੇ ਹੁਕਮ ਦਿੱਤੇ ਜਾਂਦੇ ਹਨ ਕਿ :-

**ਕੇਵਲ ਮਿਤੀ: 30 ਮਾਰਚ, 2020 ਨੂੰ ਸਵੇਰੇ 07.00 ਵਜੇ ਤੋਂ ਸਵੇਰੇ 10.00 ਵਜੇ ਤੱਕ ਕਰਿਆਨਾ ਸਟੋਰ/ਦੁਕਾਨਾਂ ਖੋਲਣ ਦੀ ਛੋਟ ਦਿੱਤੀ ਗਈ ਹੈ। ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਇੱਕ ਪਰਿਵਾਰ ਦਾ ਇੱਕ ਹੀ ਮੈਂਬਰ ਆਪਣੇ ਨੇੜੇ ਦੇ ਕਰਿਆਨਾ ਸਟੋਰ/ਦੁਕਾਨ ਵਿਖੇ ਪੈਦਲ ਜਾ ਕੇ ਕਰਿਆਨਾ ਖਰੀਦ ਸਕਦਾ ਹੈ। ਕਰਿਆਨੇ ਦੀ ਖਰੀਦ ਕਰਨ ਵਾਸਤੇ ਵਾਹਨ ਦੀ ਇਜ਼ਾਜਤ ਨਹੀਂ ਹੈ। ਦੁਕਾਨਦਾਰਾਂ ਨੂੰ ਇਹ ਵੀ ਹਦਾਇਤ ਹੈ ਕਿ ਸਮਾਜਿਕ ਦੂਰੀ ਯਕੀਨੀ ਬਣਾਈ ਜਾਵੇ ਅਤੇ ਭੀੜ ਨਾ ਪੈਦਾ ਹੋਣ ਦਿੱਤੀ ਜਾਵੇ। ਇਸ ਦੀ ਨਿਗਰਾਨੀ ਲਈ ਨਿਗਰਾਨ ਟੀਮਾਂ ਨਿਯੁਕਤ ਕੀਤੀਆਂ ਗਈਆਂ ਹਨ ਅਤੇ ਉਲੰਘਣਾ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆ ਦਿੱਤੀ ਜਾਵੇਗੀ।**

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਸਮੂਹ ਆਮ ਲੋਕਾਂ ਨੂੰ ਸੰਬੋਧਨ ਕੀਤਾ ਜਾਂਦਾ ਹੈ। ਇਹ ਹੁਕਮ ਜ਼ਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਕਾਰਜ ਸਾਧਕ ਅਫ਼ਸਰਾਂ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ ਦੇ ਦਫ਼ਤਰ ਦੇ ਨੋਟਿਸ ਬੋਰਡ ਤੇ ਚਸਪਾ ਕਰਕੇ ਅਤੇ ਲੋਕ ਸੰਪਰਕ ਵਿਭਾਗ, ਹੁਸ਼ਿਆਰਪੁਰ ਪ੍ਰੈਸ ਮਾਧਿਅਮ ਰਾਹੀਂ ਪ੍ਰਚਾਰ ਕਰਕੇ ਲਾਗੂ ਕੀਤਾ ਜਾਵੇ ਅਤੇ ਸਮੂਹ ਧਾਰਮਿਕ ਸਥਾਨਾਂ ਵਲੋਂ ਵੀ ਲਾਊਡ ਸਪੀਕਰਾਂ ਰਾਹੀਂ ਲੋਕਾਂ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਕਰੋਨਾ ਵਾਇਰਸ ਦੇ ਫੈਲਣੁ ਤੋਂ ਲੋਕਾਂ ਨੂੰ ਬਚਾਇਆ ਜਾਕੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ: 29-03-2020 ਨੂੰ ਜਾਰੀ ਕੀਤਾ ਗਿਆ।

(ਅਪਨੀਤ ਰਿਆਤ, ਆਈ.ਏ.ਐਸ)
ਜ਼ਿਲ੍ਹਾ ਮੈਜਿਸਟਰੇਟ, ਹੁਸ਼ਿਆਰਪੁਰ।

ਪਿੱਠ ਅੰਕਣ ਨੰਬਰ 3586 /ਐਮ.ਏ. ਮਿਤੀ: 29-03-2020

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
3. ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ
4. ਕਮਿਸ਼ਨਰ, ਜਲੰਧਰ ਮੰਡਲ, ਜਲੰਧਰ
5. ਜ਼ਿਲ੍ਹਾ ਅਤੇ ਸੈਸ਼ਨ ਜੱਜ, ਹੁਸ਼ਿਆਰਪੁਰ
6. ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਮੈਜਿਸਟਰੇਟ
7. ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ
8. ਚੀਫ ਜੁਡੀਸ਼ੀਅਲ ਮੈਜਿਸਟਰੇਟ, ਹੁਸ਼ਿਆਰਪੁਰ

Scanned with CamScanner

9. ਸਮੂਹ ਉਪ ਮੰਡਲ ਮੈਜਿਸਟਰੇਟ ਜ਼ਿਲ੍ਹੇ ਵਿੱਚ / ਸਮੂਹ ਤਹਿਸੀਲਦਾਰ ਜ਼ਿਲ੍ਹੇ ਵਿੱਚ
10. ਕਮਿਸ਼ਨਰ, ਨਗਰ ਨਿਗਮ, ਹੁਸ਼ਿਆਰਪੁਰ ।
11. ਜ਼ਿਲ੍ਹਾ ਅਟਾਰਨੀ, ਹੁਸ਼ਿਆਰਪੁਰ
12. ਜ਼ਿਲ੍ਹਾ ਮਾਲ ਅਫਸਰ, ਹੁਸ਼ਿਆਰਪੁਰ
13. ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਹੁਸ਼ਿਆਰਪੁਰ
14. ਜ਼ਿਲ੍ਹਾ ਲੋਕ ਸੰਪਰਕ ਅਫਸਰ, ਹੁਸ਼ਿਆਰਪੁਰ
15. ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:/ ਐ:ਸਿ: ), ਹੁਸ਼ਿਆਰਪੁਰ
16. ਸਮੂਹ ਕਾਰਜਸਾਧਕ ਅਫਸਰ, ਨਗਰ ਕੌਂਸਲ, ਜ਼ਿਲ੍ਹਾ ਹੁਸ਼ਿਆਰਪੁਰ।

ਜ਼ਿਲ੍ਹਾ ਮੈਜਿਸਟਰੇਟ,
ਹੁਸ਼ਿਆਰਪੁਰ।

Scanned with CamScanner